**ਬਿਲਾਵਲੁ ਮਹਲਾ ੫ ॥ ਕੀਤਾ ਲੋੜਹਿ ਸੋ ਕਰਹਿ ਤੁਝ ਬਿਨੁ ਕਛੁ ਨਾਹਿ ॥ ਪਰਤਾਪੁ ਤੁਮ੍ਹ੍ਹਾਰਾ ਦੇਖਿ ਕੈ ਜਮਦੂਤ ਛਡਿ ਜਾਹਿ ॥੧॥ ਤੁਮ੍ਹ੍ਹਰੀ ਕ੍ਰਿਪਾ ਤੇ ਛੂਟੀਐ ਬਿਨਸੈ ਅਹੰਮੇਵ ॥ ਸਰਬ ਕਲਾ ਸਮਰਥ ਪ੍ਰਭ ਪੂਰੇ ਗੁਰਦੇਵ ॥੧॥ ਰਹਾਉ ॥ ਖੋਜਤ ਖੋਜਤ ਖੋਜਿਆ ਨਾਮੈ ਬਿਨੁ ਕੂਰੁ ॥ ਜੀਵਨ ਸੁਖੁ ਸਭੁ ਸਾਧਸੰਗਿ ਪ੍ਰਭ ਮਨਸਾ ਪੂਰੁ ॥੨॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਸਿਆਨਪ ਸਭ ਜਾਲੀ ॥ ਜਤ ਕਤ ਤੁਮ੍ਹ੍ਹ ਭਰਪੂਰ ਹਹੁ ਮੇਰੇ ਦੀਨ ਦਇਆਲੀ ॥੩॥ ਸਭੁ ਕਿਛੁ ਤੁਮ ਤੇ ਮਾਗਨਾ ਵਡਭਾਗੀ ਪਾਏ ॥ ਨਾਨਕ ਕੀ ਅਰਦਾਸਿ ਪ੍ਰਭ ਜੀਵਾ ਗੁਨ ਗਾਏ ॥੪॥੧੨॥੪੨॥** {ਪੰਨਾ 811}

ਪਦਅਰਥ:- ਕੀਤਾ ਲੋੜਹਿ—(ਜੋ ਕੁਝ) ਤੂੰ ਕਰਨਾ ਚਾਹੁੰਦਾ ਹੈਂ। ਕਰਹਿ—ਤੂੰ ਕਰਦਾ ਹੈਂ।1।

ਕ੍ਰਿਪਾ ਤੇ—ਕਿਰਪਾ ਨਾਲ। ਅਹੰਮੇਵ—{Ahz Ev—ਮੈਂ ਹੀ ਹਾਂ} ਹਉਮੈ, ਅਹੰਕਾਰ। ਕਲਾ—ਤਾਕਤ। ਗੁਰਦੇਵ—ਹੇ ਸਭ ਤੋਂ ਵੱਡੇ ਦੇਵਤੇ!।1। ਰਹਾਉ।

ਨਾਮੈ ਬਿਨੁ—(ਪਰਮਾਤਮਾ ਦੇ) ਨਾਮ ਤੋਂ ਬਿਨਾ। ਕੂਰੁ—ਕੂੜ, ਝੂਠ। ਸਭੁ—ਸਾਰਾ। ਪ੍ਰਭ—ਹੇ ਪ੍ਰਭੂ! ਮਨਸਾ—{mnI—w} ਮਨ ਦਾ ਫੁਰਨਾ। ਪੂਰੁ—ਪੂਰਾ ਕਰ।2।

ਜਿਤੁ—ਜਿਸ ਵਿਚ। ਜਿਤੁ ਜਿਤੁ—ਜਿਸ ਜਿਸ ਕੰਮ ਵਿਚ। ਲਗਹਿ—(ਜੀਵ) ਲੱਗਦੇ ਹਨ। ਸਭ—ਸਾਰੀ। ਜਾਲੀ—ਸਾੜ ਦਿੱਤੀ। ਜਤ ਕਤ—ਜਿੱਥੇ ਕਿੱਥੇ, ਹਰ ਥਾਂ।3।

ਤੁਮ ਤੇ—ਤੇਰੇ ਪਾਸੋਂ। ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਾਂ। ਗਾਏ—ਗਾਇ, ਗਾ ਕੇ।4।

ਅਰਥ:- ਹੇ ਸਾਰੀਆਂ ਤਾਕਤਾਂ ਵਾਲੇ ਪ੍ਰਭੂ! ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ! ਹੇ ਗੁਣਾਂ ਨਾਲ ਭਰਪੂਰ ਪ੍ਰਭੂ! ਹੇ ਸਭ ਤੋਂ ਵੱਡੇ ਦੇਵਤੇ ਪ੍ਰਭੂ! ਤੇਰੀ ਮੇਹਰ ਨਾਲ (ਹੀ ਵਿਕਾਰਾਂ ਤੋਂ) ਬਚ ਸਕੀਦਾ ਹੈ। (ਤੇਰੀ ਕਿਰਪਾ ਨਾਲ ਹੀ) (ਜੀਵਾਂ ਦੀ) ਹਉਮੈ ਦੂਰ ਹੋ ਸਕਦੀ ਹੈ।1। ਰਹਾਉ।

ਹੇ ਪ੍ਰਭੂ! ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ, ਉਹੀ ਤੂੰ ਕਰਦਾ ਹੈਂ, ਤੇਰੀ ਪ੍ਰੇਰਨਾ ਤੋਂ ਬਿਨਾ (ਜੀਵ ਪਾਸੋਂ) ਕੁਝ ਨਹੀਂ ਹੋ ਸਕਦਾ। ਤੇਰਾ ਤੇਜ-ਪ੍ਰਤਾਪ ਵੇਖ ਕੇ ਜਮਦੂਤ (ਭੀ ਜੀਵ ਨੂੰ) ਛੱਡ ਜਾਂਦੇ ਹਨ।1।

ਹੇ ਪ੍ਰਭੂ! ਭਾਲ ਕਰਦਿਆਂ ਕਰਦਿਆਂ (ਆਖ਼ਰ ਮੈਂ ਇਹ ਗੱਲ) ਲੱਭ ਲਈ ਹੈ ਕਿ (ਤੇਰੇ) ਨਾਮ ਤੋਂ ਬਿਨਾ (ਹੋਰ ਸਭ ਕੁਝ) ਨਾਸਵੰਤ ਹੈ। ਜ਼ਿੰਦਗੀ ਦਾ ਸਾਰਾ ਸੁਖ ਸਾਧ ਸੰਗਤਿ ਵਿਚ (ਹੀ ਪ੍ਰਾਪਤ ਹੁੰਦਾ ਹੈ)। ਹੇ ਪ੍ਰਭੂ! (ਮੈਨੂੰ ਭੀ ਸਾਧ ਸੰਗਤਿ ਵਿਚ ਟਿਕਾਈ ਰੱਖੀਂ, ਮੇਰੀ ਇਹ) ਤਾਂਘ ਪੂਰੀ ਕਰ।2।

ਹੇ ਪ੍ਰਭੂ! ਜਿਸ ਜਿਸ ਕੰਮ ਵਿਚ ਤੂੰ (ਜੀਵਾਂ ਨੂੰ) ਲਾਂਦਾ ਹੈਂ, ਉਸੇ ਉਸੇ ਵਿਚ (ਜੀਵ) ਲੱਗਦੇ ਹਨ। (ਇਸ ਵਾਸਤੇ, ਹੇ ਪ੍ਰਭੂ!) ਮੈਂ ਆਪਣੀ ਸਾਰੀ ਚਤੁਰਾਈ ਮੁਕਾ ਦਿੱਤੀ ਹੈ (ਤੇ, ਤੇਰੀ ਰਜ਼ਾ ਵਿਚ ਤੁਰਨਾ ਲੋੜਦਾ ਹਾਂ)। ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! ਤੂੰ (ਸਾਰੇ ਜਗਤ ਵਿਚ) ਹਰ ਥਾਂ ਮੌਜੂਦ ਹੈਂ (ਤੈਥੋਂ ਕੋਈ ਆਕੀ ਨਹੀਂ ਹੋ ਸਕਦਾ)।3।

ਹੇ ਪ੍ਰਭੂ! (ਅਸੀਂ ਜੀਵ) ਸਭ ਕੁਝ ਤੇਰੇ ਪਾਸੋਂ ਹੀ ਮੰਗ ਸਕਦੇ ਹਾਂ। (ਜੇਹੜਾ) ਵਡ-ਭਾਗੀ (ਮਨੁੱਖ ਮੰਗਦਾ ਹੈ, ਉਹ) ਪ੍ਰਾਪਤ ਕਰ ਲੈਂਦਾ ਹੈ। ਹੇ ਪ੍ਰਭੂ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ) ਅਰਦਾਸ ਹੈ (ਮੇਹਰ ਕਰ, ਮੈਂ ਨਾਨਕ) ਤੇਰੇ ਗੁਣ ਗਾ ਕੇ ਆਤਮਕ ਜੀਵਨ ਹਾਸਲ ਕਰ ਲਵਾਂ।4।12। 42।